## Vigilance Bureau Punjab

# VIGILANCE NABS SUB-INSPECTOR FOR ACCEPTING BRIBE OF RS. 5,000

Chandigarh, August 31: State Vigilance Bureau today nabbed a Sub Inspector posted at Police station Phillaur, Jalandhar red handed for accepting bribe of Rs. 5,000.

Disclosing this here an official spokesperson of the Vigilance Bureau said Sub Inspector Bakhshish Singh posted at PS Phillaur in Jalandhar district was nabbed red handed while accepting bribe of Rs. 5,000 from complainant Vijay Kumar resident of village Nagar, Jalandhar district.

The complainant has approached the VB and alleged that the above said accused has been demanding Rs. 5,000 to help him in a complaint case and give witness in his favour in the court.

After verifying his information, the Vigilance team laid a trap and the accused sub inspector was arrested on the spot while accepting bribe of Rs. 5,000/- from the complainant in the presence of two official witnesses.

He informed that a case under Prevention of Corruption Act has been registered against the accused at VB police station Jalandhar and further investigation was under progress.

----------

## ਵਿਜੀਲੈਂਸ ਬਿਓਰੋ ਪੰਜਾਬ

# ਵਿਜੀਲੈਂਸ ਵੱਲੋਂ ਥਾਣੇਦਾਰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 31 ਅਗਸਤ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਅੱਜ ਥਾਣਾ ਫਿਲੌਰ, ਜਲੰਧਰ ਵਿਖੇ ਤਾਇਨਾਤ ਸਬ ਇੰਸਪੈਕਟਰ ਬਖਸ਼ੀਸ਼ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਸੀ ਸਬ-ਇੰਸਪੈਕਟਰ ਬਖਸ਼ੀਸ਼ ਸਿੰਘ ਨੂੰ ਸ਼ਿਕਾਇਕਕਰਤਾ ਵਿਜੈ ਕੁਮਾਰ ਵਾਸੀ ਪਿੰਡ ਨਗਰ, ਜਿਲਾ ਜਲੰਧਰ ਦੀ ਸ਼ਿਕਾਇਤ ’ਤੇ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਨੂੰ ਆਪਣੀ ਸ਼ਿਕਾਇਤ ਵਿਚ ਦੋਸ਼ ਲਾਇਆ ਕਿ ਉਕਤ ਸਬ ਇੰਸਪੈਕਟਰ ਉਸ ਵਲੋਂ ਉਸ ਵਲੋਂ ਦਰਜ ਕਰਵਾਏ ਮੁੱਕਦਮੇ ਵਿਚ ਮਦਦ ਕਰਨ ਅਤੇ ਅਦਾਲਤ ਵਿਚ ਉਸ ਦੇ ਹੱਕ ਵਿਚ ਗਵਾਹੀ ਦੇਣ ਬਦਲੇ 5,000 ਰੁਪਏ ਦੀ ਰਿਸ਼ਵਤ ਮੰਗ ਰਿਹਾ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਸਬ ਇੰਸਪੈਕਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਉਕਤ ਦੋਸ਼ੀ ਵਿਰੁੱਧ ਜਲੰਧਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

--------------